# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :21-08-2025**

ਕੇਂਦਰੀ ਰੇਲ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਐਲਾਨ ਕੀਤਾ ਏ ਕਿ ਦੀਵਾਲੀ ਤੇ ਛੱਠ ਤਿਉਹਾਰ ਦੇ ਮੌਕੇ 'ਤੇ 12 ਹਜ਼ਾਰ ਵਿਸ਼ੇਸ਼ ਰੇਲ-ਗੱਡੀਆਂ ਚਲਾਈਆਂ ਜਾਣਗੀਆਂ। ਉਨ੍ਹਾਂ ਨੇ ਇਹ ਐਲਾਨ ਰਾਸ਼ਟਰੀ ਲੋਕਤੰਤਰੀ ਗੱਠਜੋੜ-NDA ਵਿਚ ਬਿਹਾਰ ਦੇ ਨੇਤਾਵਾਂ ਨਾਲ ਵਿਚਾਰ-ਵਟਾਂਦਰੇ ਤੋਂ ਬਾਅਦ ਕੀਤਾ ਏ। ਸ੍ਰੀ ਵੈਸ਼ਨਵ ਨੇ ਕਿਹਾ ਏ ਕਿ ਰੇਲਵੇ ਮੰਤਰਾਲੇ ਨੇ ਨਾ-ਸਿਰਫ਼ ਨਵੀਆਂ ਰੇਲ-ਗੱਡੀਆਂ ਚਲਾਈਆਂ ਨੇ ਬਲਕਿ ਕਈ ਹੋਰ ਯੋਜਨਾਵਾਂ ਤੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ 'ਤੇ ਵੀ ਕੰਮ ਕੀਤਾ ਏ। ਰੇਲ ਮੰਤਰੀ ਨੇ ਕਿਹਾ ਕਿ ਮੁਸਾਫ਼ਰਾਂ ਦੀ ਸਹੂਲਤ ਲਈ ਸਹਰਸਾ-ਅੰਮ੍ਰਿਤਸਰ, ਦਿੱਲੀ-ਗਯਾ, ਛਪਰਾ-ਦਿੱਲੀ ਅਤੇ ਮੁਜ਼ੱਫਰਪੁਰ-ਹੈਦਰਾਬਾਦ ਲਈ, ਚਾਰ ਨਵੀਆਂ ਅੰਮ੍ਰਿਤ ਭਾਰਤ ਰੇਲ-ਗੱਡੀਆਂ ਸ਼ੁਰੂ ਕੀਤੀਆਂ ਜਾਣਗੀਆਂ। ਸ੍ਰੀ ਵੈਸ਼ਨਵ ਨੇ ਇਹ ਵੀ ਦੱਸਿਆ ਕਿ 13 ਅਕਤੂਬਰ ਤੋਂ 26 ਅਕਤੂਬਰ ਤੱਕ ਸਫ਼ਰ ਕਰਨ ਵਾਲੇ ਅਤੇ 17 ਨਵੰਬਰ ਤੋਂ ਪਹਿਲੀ ਦਸੰਬਰ ਤੱਕ ਵਾਪਸੀ ਯਾਤਰਾ ਕਰਨ

ਵਾਲੇ ਮੁਸਾਫ਼ਰਾਂ ਨੂੰ ਇਕ ਨਵੀਂ ਆਜ਼ਮਾਇਸ਼ੀ ਯੋਜਨਾ ਤਹਿਤ ਪੁਸ਼ਟੀ ਕੀਤੀਆਂ ਟਿਕਟਾਂ ਦੇ ਨਾਲ-ਨਾਲ ਵਾਪਸੀ ਕਿਰਾਏ 'ਤੇ 20 ਫੀਸਦੀ ਦੀ ਛੋਟ ਮਿਲੇਗੀ।

------------------------------------------------------------------

ਹਿਮਾਚਲ ਪ੍ਰਦੇਸ਼ ਵਿਚ ਲਗਾਤਾਰ ਪੈ ਰਹੀ ਬਾਰਿਸ਼ ਕਾਰਨ ਡੈਮਾਂ ਵਿਚ ਵੱਧ ਰਹੇ ਪਾਣੀ ਦੇ ਪੱਧਰ 'ਤੇ ਪੰਜਾਬ ਸਰਕਾਰ ਨੇ ਨਜ਼ਰ ਰੱਖੀ ਹੋਈ ਏ। ਭਾਖੜਾ ਤੇ ਪੌਂਗ ਡੈਮ ਦੇ ਪਾਣੀ ਦਾ ਪੱਧਰ ਕੱਲ੍ਹ ਦੇ ਮੁਕਾਬਲੇ ਅੱਜ ਹੋਰ ਵਧਿਆ ਏ ਪਰ ਹਾਲੇ ਵੀ ਖ਼ਤਰੇ ਦੇ ਨਿਸ਼ਾਨ ਤੋਂ ਹੇਠਾਂ ਏ। ਹਾਲਾਂਕਿ, ਕੁਝ ਇਲਾਕਿਆਂ ਵਿਚ ਬਿਆਸ, ਰਾਵੀ ਤੇ ਸਤਲੁਜ ਦਰਿਆਵਾਂ ਵਿਚ ਸਮਰਥਾ ਤੋਂ ਵੱਧ ਪਾਣੀ ਵਗ ਰਿਹਾ ਏ । ਘੱਗਰ ਵਿਚ ਪਾਣੀ ਹਾਲੇ ਕਾਬੂ ਹੇਠ ਏ ਪਰ ਪਟਿਆਲਾ ਵਿੱਚੋਂ ਲੰਘਦੇ ਟਾਂਗਰੀ ਦਰਿਆ ਵਿਚ ਪਾਣੀ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਵਗ ਰਿਹਾ ਏ। ਡੈਮਾਂ ਦੀ ਸੁਰੱਖਿਆ ਲਈ ਦੋਵਾਂ ਡੈਮਾਂ ਤੋਂ ਜ਼ਰੂਰੀ ਮਿਕਦਾਰ ਵਿਚ ਪਾਣੀ ਛੱਡਿਆ ਜਾ ਰਿਹਾ ਏ, ਜਿਸ ਕਾਰਨ ਸੁਲਤਾਨਪੁਰ ਲੋਧੀ, ਕਪੂਰਥਲਾ, ਟਾਂਡਾ ਅਤੇ ਨੰਗਲ, ਫਿਰੋਜ਼ਪੁਰ, ਫਾਜ਼ਿਲਕਾ ਤੇ ਤਰਨਤਾਰਨ ਦੇ ਕਈ ਪਿੰਡ ਪ੍ਰਭਾਵਿਤ ਹੋਏ ਨੇ। ਪਤਾ ਲੱਗਾ ਏ ਕਿ ਭਾਖੜਾ ਬਿਆਸ ਪ੍ਰਬੰਧਕੀ ਬੋਰਡ (ਬੀਬੀਐੱਮਬੀ) ਨੇ ਪੰਜਾਬ ਵਿਚ ਹੜ੍ਹਾਂ ਦੇ ਹਾਲਾਤ ਦਾ ਜਾਇਜ਼ਾ ਲੈਣ

ਲਈ ਕੱਲ੍ਹ ਇਕ ਮੀਟਿੰਗ ਸੱਦੀ ਸੀ। ਹਾਲਾਤ ਦੀ ਗੰਭੀਰਤਾ ਨੂੰ ਸਮਝਦੇ ਹੋਏ, ਪੰਜਾਬ ਸਰਕਾਰ ਨੇ ਆਪਣੇ ਕੈਬਨਿਟ ਮੰਤਰੀਆਂ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਭੇਜਿਆ ਏ। ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕੱਲ੍ਹ ਕਪੂਰਥਲਾ ਵਿਚ ਹੜ੍ਹਾਂ ਦੀ ਸਥਿਤੀ ਦਾ ਜਾਇਜ਼ਾ ਲਿਆ ਸੀ, ਅੱਜ ਫਿਰੋਜ਼ਪੁਰ ਵਿਚ ਨੇ। ਉਨ੍ਹਾਂ ਨੇ ਸਾਡੇ ਪੱਤਰਕਾਰ ਰਾਜੇਸ਼ ਬਾਲੀ ਨਾਲ ਗੱਲਬਾਤ ਕਰਦਿਆਂ ਕਿਹਾ ਏ ਕਿ ਸਥਿਤੀ ਕਾਬੂ ਹੇਠ ਏ ਸਾਰੇ ਪ੍ਰਭਾਵਿਤ ਇਲਾਕਿਆਂ ਵਿਚ ਬਣਦੇ ਪ੍ਰਬੰਧ ਕੀਤੇ ਗਏ ਨੇ। ਹਾਲਾਤ ਦੀ ਨਿਗਰਾਨੀ ਕਰਨ ਅਤੇ ਵੇਲੇ ਸਿਰ ਕਾਰਵਾਈ ਕਰਨ ਲਈ ਸੀਨੀਅਰ ਅਫ਼ਸਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਨੇ। ਉਨ੍ਹਾਂ ਕਿਹਾ ਕਿ ਪਾਣੀ ਦੇ ਪੱਧਰ ਦੇ ਵਧਦੇ ਪੱਧਰ ਤੋਂ ਪ੍ਰਭਾਵਿਤ ਇਲਾਕਿਆਂ ਵਿਚ ਰਾਹਤ ਕਾਰਜਾਂ ਦੇ ਸਬੰਧ ਵਿਚ ਮੁੱਖ ਮੰਤਰੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਹੇ ਨੇ। ਫ਼ਸਲਾਂ ਦੇ ਮੁਆਵਜ਼ੇ ਲਈ ਸੁਲਤਾਨਪੁਰ ਤੇ ਭੁਲੱਥ ਤਹਿਸੀਲਾਂ ਵਿਚ ਖਾਸ ਗਿਰਦਾਵਰੀ ਦੇ ਹੁਕਮ ਜਾਰੀ ਕੀਤੇ ਜਾ ਚੁੱਕੇ ਨੇ।

----------------------------------------------------------------------

ਪੰਜਾਬ ਪੁਲਿਸ ਨੇ ਕੇਂਦਰੀ ਸੁਰੱਖਿਆ ਏਜੰਸੀਆਂ ਨਾਲ ਤਾਲਮੇਲ ਕਰ ਕੇ ਅੱਜ ਅੰਮ੍ਰਿਤਸਰ ਤੋਂ ਮਲਕੀਤ ਸਿੰਘ ਨਾਂ ਦੇ ਵਿਅਕਤੀ ਨੂੰ ਇਕ ਹੈਂਡ

ਗ੍ਰੇਨੇਡ, ਪਿਸਤੌਲ ਤੇ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੁਲਿਸ ਸੂਤਰਾਂ ਮੁਤਾਬਕ ਮੁਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਸ ਮੁਲਜ਼ਮ ਦੇ ਸਿੱਧੇ ਸਬੰਧ ਯੂਕੇ-ਅਧਾਰਤ ਗੈਂਗਸਟਰ ਨਾਲ ਨੇ, ਜਿਹੜਾ ਕਿ ਪਾਕਿਸਤਾਨ ਸਥਿਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਦੇ ਸੰਚਾਲਕ ਹਰਵਿੰਦਰ ਰਿੰਦਾ ਦਾ ਨਜ਼ਦੀਕੀ ਸਾਥੀ ਏ, ਜਿਸ ਨੂੰ ਪਾਕਿਸਤਾਨ ਦੀ ਆਈਐੱਸਆਈ ਦਾ ਸਮਰਥਨ ਪ੍ਰਾਪਤ ਏ। ਇਹ ਪਿਛਲੇ ਦੋ ਦਿਨਾਂ ਵਿਚ ਪੰਜਾਬ ਵਿੱਚੋਂ ਹੈਂਡ ਗ੍ਰੇਨੇਡ ਦੀ ਦੂਜੀ ਬਰਾਮਦਗੀ ਹੈ। ਕੱਲ੍ਹ, ਜਲੰਧਰ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਬੀਕੇਆਈ ਦੇ 2 ਸੰਚਾਲਕਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਇਕ ਹੈਂਡ ਗ੍ਰੇਨੇਡ ਬਰਾਮਦ ਕੀਤਾ ਸੀ। ਪੁਲਿਸ ਵੱਲੋਂ ਅਗਲੇਰੀ ਜਾਂਚ ਜਾਰੀ ਏ।

-------------------------------------------------------------------------

ਪੰਜਾਬ ਦੇ ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਚ ਐਨੀਮਲ ਬਰਥ ਕੰਟਰੋਲ ਪ੍ਰੋਗਰਾਮ ਤਹਿਤ ਅਵਾਰਾ ਕੁੱਤਿਆਂ ਦੀ ਵੈਕਸੀਨੇਸਨ ਤੇ ਨਸਬੰਦੀ ਕੀਤੀ ਜਾਵੇਗੀ । ਜ਼ਿਲ੍ਹੇ ਦੇ ਐਪੀਡਿਮੋਲੋਜਿਸਟ ਡਾ. ਪ੍ਰਭਜੋਤ ਕੌਰ ਨੇ ਦੱਸਿਆ ਕਿ ਇਸ ਸਬੰਧ ਵਿਚ ਤਜਵੀਜ਼ ਬਣਾ ਕੇ ਭੇਜ ਦਿੱਤੀ ਗਈ ਏ। ਐਨੀਮਲ ਬਰਥ ਕੰਟਰੋਲ ਪ੍ਰੋਗਰਾਮ ਤਹਿਤ ਸ਼ਹਿਰ ਤੇ ਪਿੰਡਾਂ ਵਿਚ ਅਵਾਰਾ ਕੁੱਤਿਆਂ ਦੀ ਵੈਕਸੀਨੇਸ਼ਨ ਤੇ

ਨਸਬੰਦੀ ਕੀਤੀ ਜਾਵੇਗੀ ਤੇ ਇਸ ਕਾਰਜ ਵਿਚ ਪਸ਼ੂ ਪਾਲਣ ਵਿਭਾਗ, ਨਗਰ ਕੌਂਸਲਾਂ, ਪਿੰਡਾਂ ਦੀਆਂ ਪੰਚਾਇਤਾਂ ਦੇ ਨਾਲ-ਨਾਲ ਐੱਨਜੀਓਜ਼ ਦਾ ਸਹਿਯੋਗ ਵੀ ਲਿਆ ਜਾਵੇਗਾ।

-----------------------------------------------------------------

ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ 13,000 ਅਤਿ - ਆਧੁਨਿਕ ਪੇਂਡੂ ਖੇਡ ਮੈਦਾਨ ਬਣਾਉਣ ਦੀ ਯੋਜਨਾ ਲਾਗੂ ਕੀਤੀ ਗਈ ਏ। ਯੋਜਨਾ ਦੇ ਪਹਿਲੇ ਪੜਾਅ ਤਹਿਤ ਪਿੰਡਾਂ ਵਿਚ 3 ਹਜਾਰ ਤੋਂ ਵੱਧ ਖੇਡ ਮੈਦਾਨਾਂ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਚੁੱਕਾ ਏ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਏ ਕਿ ਉੱਭਰਦੇ ਖਿਡਾਰੀਆਂ ਨੂੰ ਸਿਖਲਾਈ ਦੇਣ ਵਾਸਤੇ ਅੰਤਰਰਾਸ਼ਟਰੀ ਪੱਧਰ ’ਤੇ ਭਾਰਤ ਦੀ ਨੁਮਾਇੰਦਗੀ ਕਰਨ ਵਾਲੇ ਹੋਣਹਾਰ ਖਿਡਾਰੀਆਂ ਨੂੰ ਕੋਚ ਨਿਯੁਕਤ ਕੀਤਾ ਜਾਵੇਗਾ।